# Telephone Conversation between PM and Prime Minister of Spain

April 04, 2020

## ਪ੍ਰਧਾਨ ਮੰਤਰੀ ਅਤੇ ਸਪੇਨ ਦੇ ਪ੍ਰਧਾਨ ਮੰਤਰੀ ਵਿਚਾਲੇ ਟੈਲੀਫੋਨ 'ਤੇ ਗੱਲਬਾਤ

04 ਅਪ੍ਰੈਲ, 2020

ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੇ ਅੱਜ ਸਪੇਨਿਸ਼ ਸਰਕਾਰ ਦੇ ਰਾਸ਼ਟਰਪਤੀ (ਪ੍ਰਧਾਨ ਮੰਤਰੀ ਦੇ ਬਰਾਬਰ) ਮਹਾਮਹਿਮ ਪੇਡਰੋ ਸੈਂਚੇਜ਼ ਪਰੇਜ਼-ਕੈਸਟਜੋਨ, ਨਾਲ ਟੈਲੀਫੋਨ 'ਤੇ ਗੱਲਬਾਤ ਕੀਤੀ। ਦੋਨਾਂ ਆਗੂਆਂ ਨੇ ਕੋਵਿਡ -19 ਮਹਾਂਮਾਰੀ ਨਾਲ ਪੈਦਾ ਹੋਈ ਵਿਸ਼ਵਵਿਆਪੀ ਚੁਣੌਤੀ ਬਾਰੇ ਗੱਲਬਾਤ ਕੀਤੀ।

ਪ੍ਰਧਾਨ ਮੰਤਰੀ ਨੇ ਸਪੇਨ ਵਿੱਚ ਹੋਏ ਦੁਖਦਾਈ ਜਾਨੀ ਨੁਕਸਾਨ ਉੱਤੇ ਆਪਣੇ ਡੂੰਘੇ ਦੁੱਖ ਦਾ ਇਜ਼ਹਾਰ ਕੀਤਾ ਅਤੇ ਅਜੇ ਵੀ ਇਸ ਬਿਮਾਰੀ ਨਾਲ ਜੂਝ ਰਹੇ ਲੋਕਾਂ ਦੇ ਜਲਦੀ ਸਿਹਤਮੰਦ ਹੋਣ ਦੀ ਅਰਦਾਸ ਕੀਤੀ। ਪ੍ਰਧਾਨ ਮੰਤਰੀ ਨੇ ਪਤਵੰਤੇ ਸਪੇਨਿਸ਼ ਆਗੂ ਨੂੰ ਇਸ ਗੱਲ ਦਾ ਭਰੋਸਾ ਦਿਵਾਇਆ ਕਿ ਭਾਰਤ ਸਪੈਨਿਸ਼ ਦੇ ਬਹਾਦਰੀ ਭਰੇ ਯਤਨਾਂ ਨਾਲ ਇੱਕਜੁਟ ਖੜ੍ਹਾ ਹੈ ਅਤੇ ਆਪਣੀ ਯੋਗਤਾ ਅਨੁਸਾਰ ਵੱਧ ਤੋਂ ਵੱਧ ਮਦਦ ਕਰਨ ਲਈ ਤਿਆਰ ਰਹੇਗਾ।

ਦੋਨਾਂ ਆਗੂਆਂ ਨੇ ਇਸ ਵਿਸ਼ਵਵਿਆਪੀ ਸਿਹਤ ਸੰਕਟ ਨਾਲ ਲੜੀ ਜਾਣ ਵਾਲੀ ਜੰਗ ਵਿੱਚ ਅੰਤਰਰਾਸ਼ਟਰੀ ਸਹਿਯੋਗ ਦੀ ਮਹੱਤਤਾ 'ਤੇ ਸਹਿਮਤੀ ਪ੍ਰਗਟਾਈ। ਸਪੇਨਿਸ਼ ਪ੍ਰਧਾਨ ਮੰਤਰੀ ਨੇ ਪ੍ਰਧਾਨ ਮੰਤਰੀ ਦੇ ਇਸ ਵਿਚਾਰ ਉੱਤੇ ਸਹਿਮਤੀ ਪ੍ਰਗਟਾਈ ਕਿ ਕੋਵਿਡ ਤੋਂ ਬਾਅਦ ਦੇ ਸਮੇਂ ਲਈ ਦੁਨੀਆਂ ਨੂੰ ਭੂਮੰਡਲੀਕਰਨ ਦਾ ਇੱਕ ਨਵਾਂ, ਮਨੁੱਖ-ਕੇਂਦਰਤ ਸਿਧਾਂਤ ਪਰਿਭਾਸ਼ਤ ਕਰਨ ਦੀ ਲੋੜ ਹੈ।

ਦੋਵੇਂ ਨੇਤਾ ਇਸ ਗੱਲ 'ਤੇ ਸਹਿਮਤ ਸਨ ਕਿ ਯੋਗ ਅਤੇ ਰਵਾਇਤੀ ਜੜੀ-ਬੂਟੀ ਆਧਾਰਿਤ ਦਵਾਈਆਂ ਦੇ ਆਸਾਨੀ ਨਾਲ ਉਪਲਬਧ ਹੋਣ ਕਾਰਨ ਇਨ੍ਹਾਂ ਦੀ ਇਸ ਮਹਾਂਮਾਰੀ ਕਾਰਨ ਆਪਣੇ ਘਰਾਂ ਵਿੱਚ ਬੈਠੇ ਲੋਕਾਂ ਦੀ ਮਨੋਵਿਗਿਆਨਕ ਅਤੇ ਸਰੀਰਕ ਸਿਹਤ ਨੂੰ ਯਕੀਨੀ ਬਣਾਉਣ ਵਿੱਚ ਲਾਹੇਵੰਦ ਭੂਮਿਕਾ ਹੈ।

ਉਨ੍ਹਾਂ ਇਸ ਗੱਲ 'ਤੇ ਸਹਿਮਤੀ ਦਾ ਇਜ਼ਹਾਰ ਕੀਤਾ ਕਿ ਉਨ੍ਹਾਂ ਦੀਆਂ ਟੀਮਾਂ ਕੋਵਿਡ -19 ਬਾਰੇ ਉਭਰ ਰਹੇ ਘਟਨਾਕ੍ਰਮ ਅਤੇ ਇਸ ਤੋਂ ਪੈਦਾ ਹੋ ਰਹੀਆਂ ਜ਼ਰੂਰਤਾਂ ਦੇ ਸੰਬੰਧ ਵਿੱਚ ਲਗਾਤਾਰ ਆਪਸੀ ਸੰਪਰਕ ਵਿੱਚ ਰਹਿਣਗੀਆਂ।

ਨਵੀਂ ਦਿੱਲੀ

04 ਅਪ੍ਰੈਲ, 2020

DISCLAIMER : This is an approximate translation. The original is available in English on MEA's website and may be referred to as the official press release.